ਸੇਵਾ ਵਿਖੇ

(ਸਿਖਿਆ-6 ਸ਼ਾਖਾ)

ਪੰਜਾਬ ਰਾਜ ਦੇ ਸਮੂਹ
ਡਿਪਟੀ ਕਮਿਸ਼ਨਰਜ਼।

ਮੀਮੋ ਨੰ: 15/37-2017 ਸਿਖਿਆ (1)/598
ਮਿਤੀ, ਚੰਡੀਗੜ੍ਹ: 23.8.17

ਵਿਸ਼ਾ:- ਪੰਜਾਬ ਰਾਜ ਦੇ ਸਰਕਾਰੀ ਸਕੂਲਾਂ ਵਿੱਚ ਆਟਾ-ਦਾਲ ਸਕੀਮ ਤਹਿਤ ਕਣਕ, ਦਾਲਾਂ ਆਦਿ ਦੀ ਵੰਡ, ਬੁਢਾਪਾ ਪੈਨਸ਼ਨਾਂ ਦੀ ਵੰਡ, ਪੰਚਾਇਤੀ ਜ਼ਮੀਨਾਂ ਦੀ ਬੋਲੀ ਆਦਿ ਸਬੰਧੀ ।

ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ।

ਅਧਿਆਪਕ ਯੂਨੀਅਨਾਂ ਦੁਆਰਾ ਸਰਕਾਰ ਦੇ ਧਿਆਨ ਵਿੱਚ ਇਹ ਗੱਲ ਲਿਆਂਦੀ ਗਈ ਹੈ ਕਿ ਵੱਖ ਵੱਖ ਵਿਭਾਗਾਂ ਵੱਲੋਂ ਵਿਸ਼ਾ ਅੰਕਿਤ ਸਕੀਮਾਂ ਆਦਿ ਸਬੰਧੀ ਸਕੂਲਾਂ ਵਿੱਚ ਸਕੂਲ ਸਮੇਂ ਦੌਰਾਨ ਸਮਾਗਮ ਕਰਵਾਏ ਜਾਂਦੇ ਹਨ, ਜਿਸ ਕਾਰਣ ਸਕੂਲੀ ਵਿਦਿਆਰਥੀਆਂ ਦੀ ਪੜ੍ਹਾਈ ਤੇ ਬਹੁਤ ਬੁਰਾ ਅਸਰ ਪੈਂਦਾ ਹੈ । ਵੱਖ ਵੱਖ ਸਮਿਆਂ ਤੇ ਮੀਡੀਆ ਦੇ ਵੱਖ ਵੱਖ ਵਿੰਗਾਂ ਵੱਲੋਂ ਵੀ ਇਹ ਮਸਲਾ ਉਠਾਇਆ ਜਾਂਦਾ ਰਿਹਾ ਹੈ। ਅਜਿਹੇ ਪ੍ਰੋਗਰਾਮਾਂ ਕਾਰਣ ਵਿਦਿਆਰਥੀ ਆਪਣਾ ਧਿਆਨ ਪੜ੍ਹਾਈ ਵੱਲ ਨਹੀਂ ਦੇ ਪਾਉਂਦੇ ਅਤੇ ਨਾ ਹੀ ਅਧਿਆਪਕ ਵਿਦਿਆਰਥੀਆਂ ਨੂੰ ਸਹੀ ਤਰੀਕੇ ਨਾਲ ਇਕਾਗਰਚਿੱਤ ਹੋ ਕੇ ਪੜ੍ਹਾ ਪਾਉਂਦੇ ਹਨ।

ਵਿਦਿਆਰਥੀਆਂ ਦੀ ਪੜ੍ਹਾਈ ਦੇ ਸਨਮੁੱਖ ਆਪ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਆਪਣੇ ਜ਼ਿਲ੍ਹੇ ਦੇ ਵੱਖੋ-ਵੱਖ ਵਿਭਾਗਾਂ ਨੂੰ ਇਹ ਹਦਾਇਤ ਕਰਨ ਦੀ ਖੇਚਲ ਕਰਨ ਦੀ ਕ੍ਰਿਪਾਲਤਾ ਕੀਤੀ ਜਾਵੇ ਕਿ ਸਕੂਲੀ ਸਮੇਂ ਦੌਰਾਨ ਕੋਈ ਵੀ ਸਮਾਗਮ ਸਕੂਲ ਦੀ ਚਾਰਦੀਵਾਰੀ ਦੇ ਅੰਦਰ ਅਤੇ ਸਕੂਲ ਦੇ ਬਿਲਕੁਲ ਨਜ਼ਦੀਕ ਨਾ ਰੱਖਿਆ ਜਾਵੇ ਤਾਂ ਜੋ ਵਿਦਿਆਰਥੀਆਂ ਦੀ ਪੜ੍ਹਾਈ ਦਾ ਨੁਕਸਾਨ ਨਾ ਹੋਵੇ।

ਸਕੱਤਰ ਸਕੂਲ ਸਿੱਖਿਆ

ਪਿੱਠ-ਅੰਕਣ ਨੰ: ਮਿਤੀ: 23.8.17

ਉਪਰੋਕਤ ਦਾ ਉਤਾਰਾ ਸਮੂਹ ਜ਼ਿਲ੍ਹਾ ਸਿੱਖਿਆ ਅਫਸਰਾਂ ਨੂੰ ਭੇਜ ਕੇ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਉਕਤ ਵਿਸ਼ੇ ਸਬੰਧੀ ਜ਼ਿਲ੍ਹਾ ਡਿਪਟੀ ਕਮਿਸ਼ਨਰਜ਼ ਨਾਲ ਨਿੱਜੀ ਤੌਰ ਤੇ ਤਾਲਮੇਲ ਕਰਕੇ ਉਹਨਾਂ ਤੋਂ ਲੋੜੀਂਦੀਆਂ ਹਦਾਇਤਾਂ ਜ਼ਿਲ੍ਹੇ ਦੇ ਸਮੂਹ ਵਿਭਾਗਾਂ ਨੂੰ ਜਾਰੀ ਕਰਵਾਉਣ ਦੀ ਖੇਚਲ ਕਰਨ ਅਤੇ ਆਪਣੇ ਪੱਧਰ ਤੇ ਵੀ ਇਸ ਗੱਲ ਦਾ ਧਿਆਨ ਰੱਖਣ ਕਿ ਕੋਈ ਵੀ ਸਕੂਲ ਮੁੱਖੀ ਅਜਿਹਾ ਪ੍ਰੋਗਰਾਮ ਬੱਚਿਆਂ ਦੀ ਪੜ੍ਹਾਈ ਦੇ ਸਨਮੁੱਖ ਸਕੂਲ ਵਿੱਚ ਕਰਨ ਦੀ ਇਜ਼ਾਜਤ ਨਾ ਦੇਵੇ ।

ਦਫਤਰ ਜਿਲਾ ਸਿੱਖਿਆ ਅਫਸਰ (ਸੈ.ਸਿ.) ਅੰਮ੍ਰਿਤਸਰ
ਪੱਤਰ ਨੰ ਜੀ-5/2017-978 ਮਿਤੀ ਅੰਮ੍ਰਿਤਸਰ: 1/9/17
ਉਪਰੋਕਤ ਦਾ ਉਤਾਰਾ ਸਮੂਹ ਪ੍ਰਿੰਸੀਪਲ/ਮੁੱਖ ਅਧਿਆਪਕ/ਇੰਚਾਰਜ/ਮੁਖੀ ਜਿਲਾ ਅੰਮ੍ਰਿਤਸਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਉਪਰੋਕਤ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕੀਤੀ ਜਾਵੇ।